ਜਲਿ ਹੈ ਸੂਤਕੁ ਥਲਿ ਹੈ ਸੂਤਕੁ ਸੂਤਕ ਓਪਤਿ ਹੋਈ ॥ ਜਨਮੇ ਸੂ ਤਕੁ ਮੂਏ ਫੁਨਿ ਸੂਤਕੁ ਸੂਤਕ ਪਰਜ ਬਿਗੋਈ ॥੧॥ ਕਹੁ ਰੇ ਪੰਡੀਆ ਕਉਨ ਪਵੀਤਾ ॥ ਐਸਾ ਗਿਆਨੁ ਜਪਹੁ ਮੇਰੇ ਮੀਤਾ ॥ ੧॥ ਰਹਾਉ ॥ ਨੈਨਹੁ ਸੂਤਕੁ ਬੈਨਹੁ ਸੂਤਕੁ ਸੂਤਕੁ ਸ੍ਰਵਨੀ ਹੋਈ ॥ ਊਠਤ ਬੈਠਤ ਸੂਤਕੁ ਲਾਗੈ ਸੂਤਕੁ ਪਰੈ ਰਸੋਈ ॥੨॥ ਫਾਸਨ ਕੀ ਬਿਧਿ ਸਭੁ ਕੋਊ ਜਾਨੈ ਛੂਟਨ ਕੀ ਇਕੁ ਕੋਈ ॥ ਕਹਿ ਕਬੀਰ ਰਾਮੁ ਰਿਦੈ ਬਿਚਾਰੈ ਸੂਤਕੁ ਤਿਨੈ ਨ ਹੋਈ ॥੩॥੪੧॥ {ਪੰਨਾ 331}

ਪਦਅਰਥ:- ਜਲਿ—ਪਾਣੀ ਵਿਚ। ਸੂਤਕੁ—{ਸੂਤ—ਕੁ। ਸੂਤ—ਜੰਮਿਆ ਹੋਇਆ। ਸੂਤਕ—ਜੰਮਣ ਨਾਲ ਸੰਬੰਧ ਰੱਖਣ ਵਾਲੀ ਅਪਵਿੱਤ੍ਰਤਾ। ਜਦੋਂ ਕਿਸੇ ਹਿੰਦੂ-ਘਰ ਵਿਚ ਕੋਈ ਬਾਲ ਜੰਮ ਪਏ ਤਾਂ 13 ਦਿਨ ਉਹ ਘਰ ਅਪਵਿੱਤ੍ਰ ਮੰਨਿਆ ਜਾਂਦਾ ਹੈ, ਬ੍ਰਾਹਮਣ ਇਹਨਾਂ 13 ਦਿਨਾਂ ਵਾਸਤੇ ਉਸ ਘਰ ਵਿਚ ਰੋਟੀ ਨਹੀਂ ਖਾਂਦੇ। ਇਸੇ ਤਰ੍ਹਾਂ ਕਿਸੇ ਪ੍ਰਾਣੀ ਦੇ ਮਰਨ ਤੇ ਭੀ 'ਕ੍ਰਿਆ-ਕਰਮ' ਦੇ ਦਿਨ ਤਕ ਉਹ ਘਰ ਅਪਵਿੱਤ੍ਰ ਰਹਿੰਦਾ ਹੈ} ਅਪਵਿੱਤ੍ਰਤਾ, ਭਿੱਟ। ਫੁਨਿ—ਫਿਰ, ਭੀ। ਪਰਜ—ਪਰਜਾ, ਲੁਕਾਈ, ਦੁਨੀਆ। ਬਿਗੋਈ—ਵਿਗੁੱਚ ਰਹੀ ਹੈ, ਖ਼ੁਆਰ ਹੋ ਰਹੀ ਹੈ। ਓਪਤਿ—ਪੈਦਾਇਸ਼, ਉਤਪੱਤੀ।1।

ਰੇ ਪੰਡੀਆ—ਹੇ ਪੰਡਿਤ! ਗਿਆਨੁ—ਵਿਚਾਰ। ਜਪਹੁ—ਦ੍ਰਿੜ੍ਹ ਕਰੋ, ਗਹੁ ਨਾਲ ਸੋਚੋ।1। ਰਹਾਉ।

ਨੈਨਹੁ—ਅੱਖਾਂ ਵਿਚ। ਬੈਨਹੁ—ਬਚਨਾਂ ਵਿਚ। ਸ੍ਰਵਨੀ—ਕੰਨਾਂ ਵਿਚ। ਪਰੈ—ਪੈਂਦੀ ਹੈ। ਰਸੋਈ—ਰੋਟੀ ਪਕਾਣ ਵਾਲੇ ਕਮਰੇ ਵਿਚ।2।

ਬਿਧਿ—ਤਰੀਕਾ, ਵਿਓਂਤ। ਸਭੁ ਕੋਊ—ਹਰੇਕ ਜੀਵ। ਇਕੁ ਕੋਈ—ਕੋਈ ਇਕ, ਕੋਈ ਵਿਰਲਾ। ਤਿਨੈ—ਉਹਨਾਂ ਮਨੁੱਖਾਂ ਨੂੰ।3।

ਅਰਥ:- (ਜੇ ਜੀਵਾਂ ਦੇ ਜੰਮਣ ਤੇ ਮਰਨ ਨਾਲ ਸੂਤਕ-ਪਾਤਕ ਦੀ ਭਿੱਟ ਪੈਦਾ ਹੋ ਜਾਂਦੀ ਹੈ ਤਾਂ) ਪਾਣੀ ਵਿਚ ਸੂਤਕ ਹੈ, ਧਰਤੀ ਉਤੇ ਸੂਤਕ ਹੈ, (ਹਰ ਥਾਂ) ਸੂਤਕ ਦੀ ਉਤਪੱਤੀ ਹੈ (ਭਾਵ, ਹਰ ਥਾਂ ਭਿੱਟਿਆ ਹੋਇਆ ਹੈ, ਕਿਉਂਕਿ) ਕਿਸੇ ਜੀਵ ਦੇ ਜੰਮਣ ਤੇ ਸੂਤਕ (ਪੈ ਜਾਂਦਾ ਹੈ) ਫਿਰ ਮਰਨ ਤੇ ਭੀ ਸੂਤਕ (ਆ ਪੈਂਦਾ ਹੈ); (ਇਸ) ਭਿੱਟ (ਤੇ ਭਰਮ) ਵਿਚ ਦੁਨੀਆ ਖ਼ੁਆਰ ਹੋ ਰਹੀ ਹੈ।1।

(ਤਾਂ ਫਿਰ) ਹੇ ਪਿਆਰੇ ਮਿੱਤਰ! ਇਸ ਗੱਲ ਨੂੰ ਗਹੁ ਨਾਲ ਵਿਚਾਰ ਤੇ ਦੱਸ, ਹੇ ਪੰਡਿਤ! (ਜਦੋਂ ਹਰ ਥਾਂ ਸੂਤਕ ਪੈ ਰਿਹਾ ਹੈ) ਸੁੱਚਾ ਕੌਣ (ਹੋ ਸਕਦਾ) ਹੈ?।1। ਰਹਾਉ।

(ਨਿਰੇ ਇਹਨੀਂ ਅੱਖੀਂ ਦਿੱਸਦੇ ਜੀਵ ਹੀ ਨਹੀਂ ਜੰਮਦੇ ਮਰਦੇ, ਸਾਡੇ ਬੋਲਣ ਚਾਲਣ ਆਦਿਕ ਹਰਕਤਾਂ ਨਾਲ ਕਈ ਸੂਖਮ ਜੀਵ ਮਰ ਰਹੇ ਹਨ, ਤਾਂ ਫਿਰ) ਅੱਖਾਂ ਵਿਚ ਸੂਤਕ ਹੈ, ਬੋਲਣ (ਭਾਵ, ਜੀਭ) ਵਿਚ ਸੂਤਕ ਹੈ, ਕੰਨਾਂ ਵਿਚ ਭੀ ਸੂਤਕ ਹੈ, ਉਠਦਿਆਂ ਬੈਠਦਿਆਂ ਹਰ ਵੇਲੇ (ਸਾਨੂੰ) ਸੂਤਕ ਪੈ ਰਿਹਾ ਹੈ, (ਸਾਡੀ) ਰਸੋਈ ਵਿਚ ਭੀ ਸੂਤਕ ਹੈ।2।

ਨੋਟ:- ਇਸ 'ਬੰਦ' ਵਿਚ ਪਰਾਏ ਰੂਪ, ਨਿੰਦਾ ਆਦਿਕ ਦੇ ਸੂਤਕ ਦਾ ਜ਼ਿਕਰ ਨਹੀਂ ਹੈ, ਕਿਉਂਕਿ ਅਖ਼ੀਰ ਵਿਚ 'ਰਸੋਈ' ਦਾ ਸੂਤਕ ਭੀ ਦੱਸਿਆ ਗਿਆ ਹੈ; ਸੋ, ਸਥੂਲ ਤੇ ਸੂਖਮ ਜੀਵਾਂ ਦੇ ਸੂਤਕ ਦਾ ਜ਼ਿਕਰ ਹੀ ਪ੍ਰਤੀਤ ਹੁੰਦਾ ਹੈ।

(ਜਿੱਧਰ ਵੇਖੋ) ਹਰੇਕ ਜੀਵ (ਸੂਤਕ ਦੇ ਭਰਮਾਂ ਵਿਚ) ਫਸਣ ਦਾ ਹੀ ਢੰਗ ਜਾਣਦਾ ਹੈ, (ਇਹਨਾਂ ਵਿਚੋਂ) ਖ਼ਲਾਸੀ ਕਰਾਣ ਦੀ ਸਮਝ ਕਿਸੇ ਵਿਰਲੇ ਨੂੰ ਹੈ। ਕਬੀਰ ਆਖਦਾ ਹੈ—ਜੋ ਜੋ ਮਨੁੱਖ (ਆਪਣੇ) ਹਿਰਦੇ ਵਿਚ ਪ੍ਰਭੂ ਨੂੰ ਸਿਮਰਦਾ ਹੈ, ਉਹਨਾਂ ਨੂੰ (ਇਹ) ਭਿੱਟ ਨਹੀਂ ਲੱਗਦੀ।3। 41।

ਸ਼ਬਦ ਦਾ ਭਾਵ:- ਜੇ ਜੀਵਾਂ ਦੇ ਜੰਮਣ ਮਰਨ ਨਾਲ ਘਰ ਭਿੱਟੇ ਜਾਣ ਤਾਂ ਜਗਤ ਵਿਚ ਸੁੱਚਾ ਕੋਈ ਭੀ ਥਾਂ ਨਹੀਂ ਹੋ ਸਕਦਾ, ਕਿਉਂਕਿ ਹਰ ਵੇਲੇ ਹਰ ਥਾਂ ਜਨਮ ਮਰਨ ਦਾ ਸਿਲਸਿਲਾ ਜਾਰੀ ਹੈ। ਜੋ ਮਨੁੱਖ ਪ੍ਰਭੂ ਦਾ ਭਜਨ ਕਰਦਾ ਹੈ,

ਉਸ ਨੂੰ ਸੂਤਕ ਦਾ ਭਰਮ ਨਹੀਂ ਰਹਿੰਦਾ। 41।